**ਗਾਵੈ ਕੋ ਤਾਣੁ ਹੋਵੈ ਕਿਸੈ ਤਾਣੁ ॥ ਗਾਵੈ ਕੋ ਦਾਤਿ ਜਾਣੈ ਨੀਸਾਣੁ ॥**

ਪਦਅਰਥ:- ਕੋ-ਕੋਈ ਮਨੁੱਖ। ਤਾਣੁ-ਬਲ, ਅਕਾਲ ਪੁਰਖ ਦੀ ਤਾਕਤ। ਕਿਸੈ-ਜਿਸ ਕਿਸੇ ਮਨੁੱਖ ਨੂੰ। ਤਾਣੁ-ਸਮਰਥਾ। ਦਾਤਿ-ਬਖਸ਼ੇ ਹੋਏ ਪਦਾਰਥ। ਨੀਸਾਣੁ-(ਬਖ਼ਸ਼ਸ਼ ਦਾ) ਨਿਸ਼ਾਨ।

ਅਰਥ:- ਜਿਸ ਕਿਸੇ ਮਨੁੱਖ ਨੂੰ ਸਮਰਥਾ ਹੁੰਦੀ ਹੈ, ਉਹ ਰੱਬ ਦੇ ਤਾਣ ਨੂੰ ਗਾਉਂਦਾ ਹੈ, (ਭਾਵ, ਉਸ ਦੀ ਸਿਫ਼ਤਿ-ਸਾਲਾਹ ਕਰਦਾ ਹੈ ਤੇ ਉਸ ਦੇ ਉਹ ਕੰਮ ਕਥਨ ਕਰਦਾ ਹੈ, ਜਿਨ੍ਹਾਂ ਤੋਂ ਉਸ ਦੀ ਵੱਡੀ ਤਾਕਤ ਪਰਗਟ ਹੋਵੇ)। ਕੋਈ ਮਨੁੱਖ ਉਸ ਦੀਆਂ ਦਾਤਾਂ ਨੂੰ ਹੀ ਗਾਉਂਦਾ ਹੈ, (ਕਿਉਂਕਿ ਇਹਨਾਂ ਦਾਤਾਂ ਨੂੰ ਉਹ ਰੱਬ ਦੀ ਰਹਿਮਤ ਦਾ) ਨਿਸ਼ਾਨ ਸਮਝਦਾ ਹੈ।

**ਗਾਵੈ ਕੋ ਗੁਣ ਵਡਿਆਈਆ ਚਾਰ ॥ ਗਾਵੈ ਕੋ ਵਿਦਿਆ ਵਿਖਮੁ ਵੀਚਾਰੁ ॥**

ਪਦਅਰਥ:- ਚਾਰ-ਸੁੰਦਰ, ਸੋਹਣੀਆਂ। ਵਿਦਿਆ-ਵਿੱਦਿਆ ਦੁਆਰਾ। ਵਿਖਮੁ-ਕਠਨ, ਔਖਾ। ਵੀਚਾਰੁ-ਗਿਆਨ।

ਸ਼ਬਦ 'ਚਾਰ' ਵਿਸ਼ੇਸ਼ਣ ਹੈ, ਜੋ ਇਕ-ਵਚਨ ਪੁਲਿੰਗ ਨਾਲ 'ਚਾਰੁ' ਹੋ ਜਾਂਦਾ ਹੈ ਤੇ ਬਹੁ-ਵਚਨ ਨਾਲ ਜਾਂ ਇਸਤ੍ਰੀ-ਲਿੰਗ ਨਾਲ 'ਚਾਰ' ਰਹਿੰਦਾ ਹੈ। ਪਰ ਸ਼ਬਦ 'ਚਾਰਿ' 'ਚਹੁੰ' ਦੀ ਗਿਣਤੀ ਦਾ ਵਾਚਕ ਹੈ। ਜਿਵੇਂ:-

(1) ਚਾਰਿ ਕੁੰਟ ਦਹ ਦਿਸ ਭ੍ਰਮੇ, ਥਕਿ ਆਏ ਪ੍ਰਭ ਕੀ ਸਾਮ।

(2) ਚਾਰਿ ਪਦਾਰਥ ਕਹੈ ਸਭੁ ਕੋਈ।

(3) ਚਚਾ ਚਰਨ ਕਮਲ ਗੁਰ ਲਾਗਾ।
ਧਨਿ ਧਨਿ ਉਆ ਦਿਨ ਸੰਜੋਗ ਸਭਾਗਾ।
ਚਾਰਿ ਕੁੰਟ ਦਹਦਿਸ ਭ੍ਰਮਿ ਆਇਓ।
ਭਈ ਕ੍ਰਿਪਾ ਤਬ ਦਰਸਨੁ ਪਾਇਓ।
ਚਾਰ ਬਿਚਾਰ, ਬਿਨਸਿਓ ਸਭ ਦੂਆ।
ਸਾਧ ਸੰਗਿ ਮਨੁ ਨਿਰਮਲੁ ਹੂਆ।

(4) ਤਟਿ ਤੀਰਥਿ ਨਹੀ ਮਨੁ ਪਤੀਆਇ।
ਚਾਰ ਅਚਾਰ ਰਹੇ ਉਰਝਾਇ ।2।

ਅਰਥ:- ਕੋਈ ਮਨੁੱਖ ਰੱਬ ਦੇ ਸੋਹਣੇ ਗੁਣ ਤੇ ਸੋਹਣੀਆਂ ਵਡਿਆਈਆਂ ਵਰਣਨ ਕਰਦਾ ਹੈ। ਕੋਈ ਮਨੁੱਖ ਵਿੱਦਿਆ ਦੇ ਬਲ ਨਾਲ ਅਕਾਲ ਪੁਰਖ ਦੇ ਕਠਨ ਗਿਆਨ ਨੂੰ ਗਾਉਂਦਾ ਹੈ (ਭਾਵ, ਸ਼ਾਸਤਰ ਆਦਿਕ ਦੁਆਰਾ ਆਤਮਕ ਫ਼ਿਲਾਸਫ਼ੀ ਦੇ ਔਖੇ ਵਿਸ਼ਿਆਂ ’ਤੇ ਵਿਚਾਰ ਕਰਦਾ ਹੈ)।

**ਗਾਵੈ ਕੋ ਸਾਜਿ ਕਰੇ ਤਨੁ ਖੇਹ ॥ ਗਾਵੈ ਕੋ ਜੀਅ ਲੈ ਫਿਰਿ ਦੇਹ ॥**

ਪਦਅਰਥ:- ਸਾਜਿ-ਪੈਦਾ ਕਰਕੇ, ਬਣਾ ਕੇ। ਤਨੁ-ਸਰੀਰ ਨੂੰ। ਖੇਹ-ਸੁਆਹ। ਜੀਅ-ਜੀਵਾਤਮਾ, ਜਿੰਦਾਂ। ਲੈ-ਲੈ ਕੇ। ਦੇਹ-ਦੇ ਦੇਂਦਾ ਹੈ।

ਨੋਟ:- 'ਜੀਉ' ਤੋਂ 'ਜੀਅ' ਬਹੁ-ਵਚਨ ਹੈ।

ਇੱਥੇ ਸ਼ਬਦ 'ਦੇਹ' ਦਾ 'ਹ' ਪਹਿਲੀ ਤੁਕ ਦੇ 'ਖੇਹ' ਨਾਲ ਮਿਲਾਉਣ ਲਈ ਵਰਤਿਆ ਹੈ। ਉਂਵ ਸ਼ਬਦ 'ਦੇਹ' ਨਾਂਵ ਦਾ ਅਰਥ ਹੈ 'ਸਰੀਰ', ਜਿਵੇਂ 'ਭਰੀਐ ਹਥੁ ਪੈਰੁ ਤਨੁ ਦੇਹ'।

ਸ਼ਬਦ 'ਦੇ', 'ਦੇਹਿ' ਅਤੇ 'ਦੇਹ' ਨੂੰ ਚੰਗੀ ਤਰ੍ਹਾਂ ਸਮਝਣ ਲਈ ਜਪੁਜੀ ਵਿਚੋਂ ਹੇਠ ਲਿਖੀਆਂ ਤੁਕਾਂ ਦਿੱਤੀਆਂ ਜਾਂਦੀਆਂ ਹਨ:-

(1) ਦੇਂਦਾ ਦੇ ਲੈਦੇ ਥਕਿ ਪਾਹਿ। ਪਉੜੀ 3।
(2) ਆਖਹਿ ਮੰਗਹਿ ਦੇਹਿ ਦੇਹਿ, ਦਾਤਿ ਕਰੇ ਦਾਤਾਰੁ।4।
(3) ਗੁਰਾ ਇਕ ਦੇਹਿ ਬੁਝਾਈ।5।
(4) ਨਾਨਕ ਨਿਰਗੁਣਿ ਗੁਣੁ ਕਰੇ ਗੁਣਵੰਤਿਆ ਗੁਣ ਦੇ।7।
(5) ਭਰੀਐ ਹਥੁ ਪੈਰੁ ਤਨੁ ਦੇਹ। 20।
(6) ਦੇ ਸਾਬੂਣੁ ਲਈਐ ਓਹੁ ਧੋਇ। 20।
(7) ਆਪੇ ਜਾਣੈ ਆਪੇ ਦੇਇ। 25।

ਦੇ-ਦੇਂਦਾ ਹੈ। ਦੇ-ਦੇ ਕੇ।

ਦੇਇ-ਦੇਂਦਾ ਹੈ। ਦੇਇ-ਦੇ ਕੇ।

ਦੇਹ-ਸਰੀਰ। ਦੇਹਿ-ਦੇਹ(ਹੁਕਮੀ ਭਵਿਖਤ ਕਾਲ)।

ਅਰਥ:- ਕੋਈ ਮਨੁੱਖ ਇਉਂ ਗਾਉਂਦਾ ਹੈ, 'ਅਕਾਲ ਪੁਰਖ ਸਰੀਰ ਨੂੰ ਬਣਾ ਕੇ (ਫਿਰ) ਸੁਆਹ ਕਰ ਦੇਂਦਾ ਹੈ'। ਕੋਈ ਇਉਂ ਗਾਉਂਦਾ ਹੈ, 'ਹਰੀ (ਸਰੀਰਾਂ ਵਿਚੋਂ) ਜਿੰਦਾਂ ਕੱਢ ਕੇ ਫਿਰ (ਦੂਜੇ ਸਰੀਰਾਂ ਵਿਚ) ਪਾ ਦੇਂਦਾ ਹੈ'।

**ਗਾਵੈ ਕੋ ਜਾਪੈ ਦਿਸੈ ਦੂਰਿ ॥ ਗਾਵੈ ਕੋ ਵੇਖੈ ਹਾਦਰਾ ਹਦੂਰਿ ॥**

ਪਦਅਰਥ:- ਜਾਪੈ-ਜਾਪਦਾ ਹੈ, ਪਰਤੀਤ ਹੁੰਦਾ ਹੈ। ਹਾਦਰਾ ਹਦੂਰਿ-ਹਾਜ਼ਰ ਨਾਜ਼ਰ, ਸਭ ਥਾਈਂ ਹਾਜ਼ਰ।

ਅਰਥ:- ਕੋਈ ਮਨੁੱਖ ਆਖਦਾ ਹੈ, 'ਅਕਾਲ ਪੁਰਖ ਦੂਰ ਜਾਪਦਾ ਹੈ, ਦੂਰ ਦਿੱਸਦਾ ਹੈ'; ਪਰ ਕੋਈ ਆਖਦਾ ਹੈ, '(ਨਹੀਂ, ਨੇੜੇ ਹੈ), ਸਭ ਥਾਈਂ ਹਾਜ਼ਰ ਹੈ, ਸਭ ਨੂੰ ਵੇਖ ਰਿਹਾ ਹੈ'।

**ਕਥਨਾ ਕਥੀ ਨ ਆਵੈ ਤੋਟਿ ॥ ਕਥਿ ਕਥਿ ਕਥੀ ਕੋਟੀ ਕੋਟਿ ਕੋਟਿ ॥**

ਪਦਅਰਥ:- ਕਥਨਾ-ਕਹਿਣਾ, ਬਿਆਨ ਕਰਨਾ। ਕਥਨਾ ਤੋਟਿ-ਕਹਿਣ ਦੀ ਟੋਟ, ਗੁਣ ਵਰਣਨ ਕਰਨ ਦਾ ਅੰਤ। ਕਥਿ-ਆਖ ਕੇ। ਕਥਿ ਕਥਿ ਕਥੀ-ਆਖ ਆਖ ਕੇ ਆਖੀ ਹੈ, ਕਥਨਾ ਕਥ ਕਥ ਕੇ ਕਥੀ ਹੈ, ਬੇਅੰਤ ਵਾਰੀ ਪ੍ਰਭੂ ਦੇ ਹੁਕਮ ਦਾ ਵਰਣਨ ਕੀਤਾ ਹੈ। ਕੋਟਿ-ਕ੍ਰੋੜ, ਕ੍ਰੋੜਾਂ ਜੀਵਾਂ ਨੇ।

ਲਫਜ਼ ਕੋਟਿ, ਕੋਟੁ, ਕੋਟ ਦਾ ਨਿਰਣਾ-

(1) ਕੋਟਿ-ਕ੍ਰੋੜ (ਵਿਸ਼ੇਸ਼ਣ)।
ਕੋਟਿ ਕਰਮ ਕਰੈ ਹਉ ਧਾਰੇ।
ਸ੍ਰਮੁ ਪਾਵੈ ਸਗਲੇ ਬਿਰਥਾਰੇ।3।12। (ਸੁਖਮਨੀ
ਕੋਟਿ ਖਤੇ ਖਿਨ ਬਖਸਨਹਾਰ।3। 30। (ਭੈਰਉ ਮ: 5

(2) ਕੋਟੁ-ਕਿਲ੍ਹਾ (ਨਾਂਵ ਇਕ-ਵਚਨ)।
ਲੰਕਾ ਸਾ ਕੋਟੁ ਸਮੁੰਦ ਸੀ ਖਾਈ। (ਆਸਾ ਕਬੀਰ ਜੀ
ਏਕੁ ਕੋਟਿ ਪੰਚ ਸਿਕਦਾਰਾ (ਸੂਹੀ ਕਬੀਰ ਜੀ

(3) ਕੋਟ-ਕਿਲ੍ਹੇ (ਨਾਂਵ, ਬਹੁ ਵਚਨ)।
ਕੰਚਨ ਕੇ ਕੋਟ ਦਤੁ ਕਰੀ ਬਹੁ ਹੈਵਰ ਗੈਵਰ ਦਾਨੁ। (ਸਿਰੀ ਰਾਗ ਮ: 1

ਅਰਥ:- ਕ੍ਰੋੜਾਂ ਹੀ ਜੀਵਾਂ ਨੇ ਬੇਅੰਤ ਵਾਰੀ (ਅਕਾਲ ਪੁਰਖ ਦੇ ਹੁਕਮ ਦਾ) ਵਰਣਨ ਕੀਤਾ ਹੈ, ਪਰ ਹੁਕਮ ਦੇ ਵਰਣਨ ਕਰਨ ਦੀ ਤੋਟ ਨਹੀਂ ਆ ਸਕੀ (ਭਾਵ, ਵਰਣਨ ਕਰ ਕਰ ਕੇ ਹੁਕਮ ਦਾ ਅੰਤ ਨਹੀਂ ਪੈ ਸਕਿਆ, ਹੁਕਮ ਦਾ ਸਹੀ ਸਰੂਪ ਨਹੀਂ ਲੱਭ ਸਕਿਆ)।

**ਦੇਦਾ ਦੇ ਲੈਦੇ ਥਕਿ ਪਾਹਿ ॥ ਜੁਗਾ ਜੁਗੰਤਰਿ ਖਾਹੀ ਖਾਹਿ ॥**

ਪਦਅਰਥ:- ਦੇਦਾ-ਦੇਂਦਾ, ਦੇਣ ਵਾਲਾ, ਦਾਤਾਰ ਰੱਬ। ਦੇ-(ਸਦਾ) ਦੇਂਦਾ ਹੈ, ਦੇ ਰਿਹਾ ਹੈ। ਲੈਦੇ-ਲੈਂਦੇ, ਲੈਣ ਵਾਲੇ ਜੀਵ। ਥਕਿ ਪਾਹਿ-ਥਕ ਪੈਂਦੇ ਹਨ। ਜੁਗਾ ਜੁਗੰਤਰਿ-ਜੁਗ ਜੁਗ ਅੰਤਰਿ, ਸਾਰੇ ਜੁਗਾਂ ਵਿਚ ਹੀ, ਸਦਾ ਤੋਂ ਹੀ। ਖਾਹੀ ਖਾਹਿ-ਖਾਂਦੇ ਹੀ ਖਾਂਦੇ ਹਨ, ਵਰਤਦੇ ਚਲੇ ਆ ਰਹੇ ਹਨ।

ਅਰਥ:- ਦਾਤਾਰ ਅਕਾਲ ਪੁਰਖ (ਸਭ ਜੀਆਂ ਨੂੰ ਰਿਜ਼ਕ) ਦੇ ਰਿਹਾ ਹੈ, ਪਰ ਜੀਵ ਲੈ ਲੈ ਕੇ ਥੱਕ ਪੈਂਦੇ ਹਨ। (ਸਭ ਜੀਵ) ਸਦਾ ਤੋਂ ਹੀ (ਰੱਬ ਦੇ ਦਿੱਤੇ ਪਦਾਰਥ) ਖਾਂਦੇ ਚਲੇ ਆ ਰਹੇ ਹਨ।

**ਹੁਕਮੀ ਹੁਕਮੁ ਚਲਾਏ ਰਾਹੁ ॥ ਨਾਨਕ ਵਿਗਸੈ ਵੇਪਰਵਾਹੁ ॥੩॥**

ਪਦਅਰਥ:- ਹੁਕਮੀ-ਹੁਕਮ ਦਾ ਮਾਲਕ ਅਕਾਲ ਪੁਰਖ। ਹੁਕਮੀ ਹੁਕਮੁ-ਹੁਕਮ ਵਾਲੇ ਹਰੀ ਦਾ ਹੁਕਮ। ਰਾਹੁ-ਰਸਤਾ, ਸੰਸਾਰ ਦੀ ਕਾਰ। ਨਾਨਕ-ਹੇ ਨਾਨਕ! ਵਿਗਸੈ-ਖਿੜ ਰਿਹਾ ਹੈ, ਪਰਸੰਨ ਹੈ। ਵੇਪਰਵਾਹੁ-ਬੇਫਿਕਰ, ਚਿੰਤਾ ਤੋਂ ਰਹਿਤ।3।

ਅਰਥ:- ਹੁਕਮ ਵਾਲੇ ਰੱਬ ਦਾ ਹੁਕਮ ਹੀ (ਸੰਸਾਰ ਦੀ ਕਾਰ ਵਾਲਾ) ਰਸਤਾ ਚਲਾ ਰਿਹਾ ਹੈ। ਹੇ ਨਾਨਕ! ਉਹ ਨਿਰੰਕਾਰ ਸਦਾ ਵੇਪਰਵਾਹ ਹੈ ਤੇ ਪਰਸੰਨ ਹੈ। (ਭਾਵ, ਭਾਵੇਂ ਰੱਬ ਹਰ ਵੇਲੇ ਸੰਸਾਰ ਦੇ ਬੇਅੰਤ ਜੀਵਾਂ ਨੂੰ ਅਤੁੱਟ ਪਦਾਰਥ ਤੇ ਰਿਜ਼ਕ ਪਹੁੰਚਾ ਰਿਹਾ ਹੈ, ਪਰ ਏਡੀ ਵੱਡੀ ਕਾਰ ਨਾਲ ਉਸ ਨੂੰ ਕੋਈ ਘਬਰਾਹਟ ਨਹੀਂ ਹੈ। ਉਹ ਸਦਾ ਖਿੜਿਆ ਹੋਇਆ ਹੈ। ਉਸ ਨੂੰ ਏਡੇ ਵੱਡੇ ਪਸਾਰੇ ਵਿਚ ਖਚਿਤ ਨਹੀਂ ਹੋਣਾ ਪੈਂਦਾ। ਉਸ ਦੀ ਇਕ ਹੁਕਮ-ਰੂਪ ਸੱਤਾ ਹੀ ਸਾਰੇ ਵਿਹਾਰ ਨੂੰ ਨਿਬਾਹ ਰਹੀ ਹੈ)।3।

ਭਾਵ:- ਪ੍ਰਭੂ ਦੇ ਵੱਖੋ-ਵੱਖਰੇ ਕੰਮ ਵੇਖ ਕੇ ਮਨੁੱਖ ਆਪੋ ਆਪਣੀ ਸਮਝ ਅਨੁਸਾਰ ਪ੍ਰਭੂ ਦੀ ਹੁਕਮ-ਰੂਪ ਤਾਕਤ ਦਾ ਅੰਦਾਜ਼ਾ ਲਾਂਦੇ ਚਲੇ ਆ ਰਹੇ ਹਨ, ਪਰ ਕਿਸੇ ਪਾਸੋਂ ਮੁਕੰਮਲ ਅੰਦਾਜ਼ਾ ਲੱਗ ਨਹੀਂ ਸਕਿਆ।